ਗਉੜੀ ॥ ਜਿਉ ਕਪਿ ਕੇ ਕਰ ਮੁਸਟਿ ਚਨਨ ਕੀ ਲੁਬਧਿ ਨ ਤਿਆਗੁ ਦਇਓ ॥ ਜੋ ਜੋ ਕਰਮ ਕੀਏ ਲਾਲਚ ਸਿਉ ਤੇ ਫਿਰਿ ਗਰਹਿ ਪਰਿਓ ॥ ੧॥ ਭਗਤਿ ਬਿਨੁ ਬਿਰਥੇ ਜਨਮੁ ਗਇਓ ॥ ਸਾਧਸੰਗਤਿ ਭਗਵਾਨ ਭਜਨ ਬਿਨੁ ਕਹੀ ਨ ਸਚੁ ਰਹਿਓ ॥ ੧॥ ਰਹਾਉ ॥ ਜਿਉ ਉਦਿਆਨ ਕੁਸਮ ਪਰਫੁਲਿਤ ਕਿਨਹਿ ਨ ਘ੍ਰਾਉ ਲਇਓ ॥ ਤੈਸੇ ਭ੍ਰਮਤ ਅਨੇਕ ਜੋਨਿ ਮਹਿ ਫਿਰਿ ਫਿਰਿ ਕਾਲ ਹਇਓ ॥੨॥ ਇਆ ਧਨ ਜੋਬਨ ਅਰੁ ਸੁਤ ਦਾਰਾ ਪੇਖਨ ਕਉ ਜੁ ਦਇਓ ॥ ਤਿਨ ਹੀ ਮਾਹਿ ਅਟਕਿ ਜੋ ਉਰਝੇ ਇੰਦ੍ਰੀ ਪ੍ਰੇਰਿ ਲਇਓ ॥੩॥ ਅਉਧ ਅਨਲ ਤਨੁ ਤਿਨ ਕੋ ਮੰਦਰੁ ਚਹੁ ਦਿਸ ਠਾਟੁ ਠਇਓ ॥ ਕਹਿ ਕਬੀਰ ਭੈ ਸਾਗਰ ਤਰਨ ਕਉ ਮੈ ਸਤਿਗੁਰ ਓਟ ਲਇਓ ॥੪॥੧॥੮॥੫੯॥ {ਪੰਨਾ 336}

ਪਦਅਰਥ:- ਕਪਿ—ਬਾਂਦਰ {ਇਸ ਤੁਕ ਵਿਚ ਦਿੱਤੇ ਖ਼ਿਆਲ ਨੂੰ ਸਮਝਣ ਵਾਸਤੇ ਪੜ੍ਹੋ ਸ਼ਬਦ ਨੰ: 57}। ਕਰ—ਹੱਥ। ਮੁਸਟਿ—ਮੁੱਠ। ਚਨਨ—ਚਣੇ, ਛੋਲੇ। ਲੁਬਧਿ—ਲੁਬਧ ਨੇ, ਲੋਭੀ ਨੇ। ਗਰਹਿ—ਗਲ ਵਿਚ।1।

ਕਹੀ—ਕਿਤੇ ਭੀ, ਕਿਸੇ ਹੋਰ ਥਾਂ। ਸਚੁ—ਸਦਾ-ਥਿਰ ਰਹਿਣ ਵਾਲਾ ਪਰਮਾਤਮਾ। ਬਿਰਥੇ—ਖ਼ਾਲੀ, ਸੱਖਣਾ, ਬਿਅਰਥ, ਸੁੰਞਾ।1। ਰਹਾਉ।

ਉਦਿਆਨ—ਜੰਗਲ। ਕੁਸਮ—ਫੁਲ। ਪਰਫੁਲਿਤ—ਖਿੜੇ ਹੋਏ। ਕਿਨਹਿ—(ਕਿਸੇ ਬੰਦੇ) ਨੇ ਹੀ। ਘ੍ਰਾਉ—ਸੁਗੰਧੀ। ਭ੍ਰਮਤ—ਭਟਕਦਿਆਂ। ਹਇਓ—ਹਨਿਓ, ਨਾਸ ਕਰਦਾ ਹੈ।2।

ਇਆ—ਇਹ ਸਾਰੇ। ਜੋਬਨ—ਜੁਆਨੀ। ਅਰੁ—ਅਤੇ {ਨੋਟ:- ਲਫ਼ਜ਼ 'ਅਰੁ' ਅਤੇ 'ਅਰਿ' ਦੇ ਜੋੜ ਅਤੇ ਅਰਥ ਵਿਚ ਫ਼ਰਕ ਚੇਤੇ ਰੱਖਣ-ਜੋਗ ਹੈ; ਅਰਿ-ਵੈਰੀ}। ਸੁਤ—ਪੁੱਤਰ। ਦਾਰਾ—ਇਸਤ੍ਰੀ, ਵਹੁਟੀ। ਪੇਖਨ ਕਉ—ਵੇਖਣ ਲਈ {ਨੋਟ:- ਕੋਈ ਖੇਲ ਤਮਾਸ਼ਾ ਵੇਖਣ ਜਾਈਏ, ਉਸ ਵਿਚ ਭਾਵੇਂ ਕਿਤਨੇ ਹੀ ਮਨ ਭਰਮਾਉਣ ਵਾਲੇ ਜਾਂ ਦਰਦ-ਭਰੇ ਸਾਕੇ ਆਉਣ, ਅਸੀਂ ਸਿਰਫ਼ ਤਮਾਸ਼-ਬੀਨ ਹੀ ਰਹਿੰਦੇ ਹਾਂ। ਨਾਹ ਤਾਂ ਤਮਾਸ਼ੇ ਦੇ ਦੁੱਖ-ਭਰੇ ਦ੍ਰਿਸ਼ ਨਾਲ ਕੋਈ ਡੂੰਘੀ ਸੱਟ ਸਾਨੂੰ ਵੱਜਦੀ ਹੈ, ਜਿਵੇਂ ਕਿਸੇ ਆਪਣੇ ਨਿੱਜ ਦੇ ਦੁਖ ਦੀ ਵੱਜ ਸਕਦੀ ਹੈ ਅਤੇ ਨਾਹ ਹੀ ਕੋਈ ਮਨ ਨੂੰ ਭਰਮਾਉਣ ਵਾਲੀ ਸ਼ੈ ਸਾਨੂੰ ਠੱਗ ਸਕਦੀ ਹੈ। ਅਸੀਂ ਜਾਣਦੇ ਹਾਂ ਕਿ ਇਹ ਅਸਲ ਨਹੀਂ, ਕਿਸੇ ਹੋ ਚੁਕੇ ਅਸਲ ਦੀ ਨਕਲ ਹੈ। ਸੋ, ਉਸ ਤਮਾਸ਼ੇ ਦੇ ਦੁਖਾਂ ਸੁਖਾਂ ਦੇ ਦ੍ਰਿਸ਼ਾਂ ਵਿਚ ਅਸੀਂ ਨਿਰਲੇਪ ਜਿਹੇ ਰਹਿੰਦੇ ਹਾਂ। ਇਹ ਧਨ, ਜੁਆਨੀ, ਪਰਿਵਾਰ ਭੀ ਇਕ ਖੇਡ ਪ੍ਰਭੂ ਨੇ ਬਣਾਈ ਹੈ, ਇਹਨਾਂ ਵਿਚ ਰਹਿ ਕੇ ਭੀ ਇਹਨਾਂ ਨੂੰ ਵੇਖਣਾ ਹੀ ਹੈ, ਭਾਵ, ਇਹਨਾਂ ਨੂੰ ਤਮਾਸ਼ਾ ਹੀ ਸਮਝਣਾ ਹੈ, ਇਹਨਾਂ ਵਿਚ ਨਿਰਲੇਪ ਹੀ ਰਹਿਣਾ ਹੈ}। ਅਟਕਿ—ਫਸ ਕੇ, ਰੁਕ ਕੇ। ਉਰਝੇ—ਉਲਝ ਗਏ, ਜਕੜੇ ਗਏ। ਪ੍ਰੇਰਿ ਲਇਓ—ਆਪਣੇ ਵਲ ਖਿੱਚ ਲਿਆ।3।

ਅਉਧ—ਉਮਰ, ਜ਼ਿੰਦਗੀ ਦੇ ਸਮੇ ਦਾ ਬੀਤਦੇ ਜਾਣਾ। ਅਨਲ—ਅੱਗ। ਤਨੁ—ਸਰੀਰ। ਤਿਨ ਕੋ ਮੰਦਰੁ—ਕੱਖਾਂ ਦਾ ਘਰ। ਚਹੁ ਦਿਸ—ਚੌਹੀਂ ਪਾਸੀਂ, ਹਰ ਪਾਸੇ। ਠਾਟੁ—ਬਣਤਰ। ਠਇਓ—ਬਣੀ ਹੋਈ ਹੈ। ਕਹਿ—ਕਹੈ, ਆਖਦਾ ਹੈ। ਭੈ ਸਾਗਰ—ਡਰਾਉਣਾ ਸੰਸਾਰ-ਸਮੁੰਦਰ। ਤਰਨ ਕਉ—ਤਰਨ ਲਈ, ਪਾਰ ਲੰਘਣ ਵਾਸਤੇ। ਓਟ—ਆਸਰਾ।4।

ਅਰਥ:- ਜਿਵੇਂ (ਕਿਸੇ) ਬਾਂਦਰ ਦੇ ਹੱਥ (ਭੁੱਜੇ) ਛੋਲਿਆਂ ਦੀ ਮੁੱਠ ਆਈ, ਪਰ ਲੋਭੀ ਬਾਂਦਰ ਨੇ (ਕੁੱਜੀ ਵਿਚ ਹੱਥ ਫਸਿਆ ਵੇਖ ਕੇ ਭੀ ਛੋਲਿਆਂ ਦੀ ਮੁੱਠ) ਨਾਹ ਛੱਡੀ, (ਤੇ ਕਾਬੂ ਆ ਗਿਆ, ਇਸੇ ਤਰ੍ਹਾਂ) ਲੋਭ ਦੇ ਵੱਸ ਹੋ ਕੇ ਜੋ ਜੋ ਕੰਮ ਜੀਵ ਕਰਦਾ ਹੈ, ਉਹ ਸਾਰੇ ਮੁੜ (ਮੋਹ ਦੇ ਬੰਧਨ-ਰੂਪ ਜ਼ੰਜੀਰ ਬਣ ਕੇ ਇਸ ਦੇ) ਗਲ ਵਿਚ ਪੈਂਦੇ ਹਨ।1।

ਪਰਮਾਤਮਾ ਦੀ ਭਗਤੀ ਤੋਂ ਬਿਨਾ ਮਨੁੱਖਾ ਜਨਮ ਵਿਅਰਥ ਹੀ ਜਾਂਦਾ ਹੈ (ਕਿਉਂਕਿ ਹਿਰਦੇ ਵਿਚ ਪ੍ਰਭੂ ਆ ਕੇ ਨਹੀਂ ਵੱਸਦਾ)। ਤੇ, ਸਾਧ ਸੰਗਤਿ ਵਿਚ (ਆ ਕੇ) ਭਗਵਾਨ ਦਾ ਸਿਮਰਨ ਕਰਨ ਤੋਂ ਬਿਨਾ ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਕਿਸੇ ਭੀ ਹਿਰਦੇ ਵਿਚ ਟਿਕ ਹੀ ਨਹੀਂ ਸਕਦਾ।1। ਰਹਾਉ।

ਜਿਵੇਂ ਜੰਗਲ ਵਿਚ ਖਿੜੇ ਹੋਏ ਫੁੱਲਾਂ ਦੀ ਸੁਗੰਧੀ ਕੋਈ ਭੀ ਨਹੀਂ ਲੈ ਸਕਦਾ (ਉਹ ਫੁੱਲ ਉਜਾੜ ਵਿਚ ਕਿਸੇ ਪ੍ਰਾਣੀ ਨੂੰ ਸੁਗੰਧੀ ਨਾਹ ਦੇਣ ਦੇ ਕਾਰਨ ਆਪਣਾ ਖੇੜਾ ਵਿਅਰਥ ਹੀ ਖੇੜ ਜਾਂਦੇ ਹਨ), ਤਿਵੇਂ, (ਪ੍ਰਭੂ ਦੀ ਬੰਦਗੀ ਤੋਂ ਬਿਨਾ) ਜੀਵ ਅਨੇਕਾਂ ਜੂਨਾਂ ਵਿਚ ਭਟਕਦੇ ਰਹਿੰਦੇ ਹਨ, ਤੇ ਮੁੜ ਮੁੜ ਕਾਲ-ਵੱਸ ਪੈਂਦੇ ਰਹਿੰਦੇ ਹਨ।2।

ਧਨ, ਜੁਆਨੀ, ਪੁੱਤਰ ਤੇ ਇਸਤ੍ਰੀ ਇਹ ਸਾਰੇ ਉਸ ਪ੍ਰਭੂ ਨੇ (ਜੀਵ ਨੂੰ ਕਿਸੇ ਤਮਾਸ਼ੇ ਵਿਚ ਨਿਰਲੇਪ ਜਿਹਾ ਰਹਿਣ ਵਾਂਗ) ਵੇਖਣ ਲਈ ਦਿੱਤੇ ਹਨ (ਕਿ ਇਸ ਜਗਤ-ਤਮਾਸ਼ੇ ਵਿਚ ਇਹ ਨਿਰਲੇਪ ਹੀ ਰਹੇ), ਪਰ ਜੀਵ ਇਹਨਾਂ ਵਿਚ ਹੀ ਰੁਕ ਕੇ ਫਸ ਜਾਂਦੇ ਹਨ; ਇੰਦ੍ਰੇ ਜੀਵ ਨੂੰ ਖਿੱਚ ਲੈਂਦੇ ਹਨ।3।

ਕਬੀਰ ਆਖਦਾ ਹੈ—ਇਹ ਸਰੀਰ (ਮਾਨੋ) ਕੱਖਾਂ ਦਾ ਕੋਠਾ ਹੈ, ਉਮਰ (ਦੇ ਦਿਨ ਬੀਤਦੇ ਜਾਣੇ ਇਸ ਕੋਠੇ ਨੂੰ) ਅੱਗ ਲੱਗੀ ਹੋਈ ਹੈ, ਹਰ ਪਾਸੇ ਇਹੀ ਬਣਤਰ ਬਣੀ ਹੋਈ ਹੈ, (ਪਰ ਕੋਈ ਭੀ ਇਸ ਪਾਸੇ ਧਿਆਨ ਨਹੀਂ ਦੇਂਦਾ; ਕਿਆ ਅਚਰਜ ਭਿਆਨਕ ਦ੍ਰਿਸ਼ ਹੈ!)। ਇਸ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਮੈਂ ਤਾਂ ਸਤਿਗੁਰੂ ਦਾ ਆਸਰਾ ਲਿਆ ਹੈ।4।1। 59।

ਸ਼ਬਦ ਦਾ ਭਾਵ:- ਬੰਦਗੀ ਤੋਂ ਬਿਨਾ ਜੀਵਨ ਬਿਅਰਥ ਹੈ, ਨਾਮ ਦੀ ਸੁਗੰਧੀ ਤੋਂ ਬਿਨਾ ਜਗਤ-ਫੁਲਵਾੜੀ ਦਾ ਇਹ ਜੀਵ-ਫੁੱਲ ਕਿਸ ਅਰਥ? ਦੁਨੀਆ ਦੇ ਰਸਾਂ ਵਿਚ ਫਸ ਕੇ ਖ਼ੁਆਰ ਹੁੰਦਾ ਹੈ। 59।